## ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਵਿਖੇ ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵੱਲੋਂ ਲਗਾਈ ਗਈ ਦੋ-ਰੋਜ਼ਾ 'ਜਨ - ਕਲਿਆਣ ਯੋਜਨਾ ਪ੍ਰਦਰਸ਼ਨੀ'

**ਕਾਲਜ ਦੇ ਵਿਦਿਆਰਥੀਆਂ ਨੇ ਲਿਆ ਵੱਖ-ਵੱਖ ਕੌਮਾਂਤਰੀ ਮੁਕਾਬਲਿਆਂ ਵਿੱਚ ਭਾਗ**

[illegible]





[illegible]

**ਦੇਸ਼ ਪ੍ਰਦੇਸ਼ ਟਾਈਮਜ਼**
www.deshpardeshtimes.com

## "ਆਜ਼ਾਦੀ ਦਾ ਅੰਮ੍ਰਿਤ ਮਹੋਤਸਵ" ਦੀ ਥੀਮ 'ਤੇ ਚਿੱਤਰ ਪ੍ਰਦਰਸ਼ਨੀ ਦਾ ਦੂਜਾ ਦਿਨ

**○ ਲੇਖ, ਪੇਂਟਿੰਗ, ਰੰਗੋਲੀ ਅਤੇ ਕੁਇਜ਼ ਮੁਕਾਬਲਿਆਂ ਦੇ ਜੇਤੂਆਂ ਨੂੰ ਕੀਤਾ ਗਿਆ ਸਨਮਾਨਿਤ ○ ਪੀ.ਐਮ.ਆਈ.ਡੀ.ਸੀ. ਦੇ ਅਸਿਸਟੈਂਟ ਡਾਇਰੈਕਟਰ ਨਰੇਸ਼ ਭਾਰਦਵਾਜ ਨੇ ਸਿੰਗਲ ਯੂਜ਼ ਪਲਾਸਟਿਕ ਬਾਰੇ ਕੀਤਾ ਜਾਗਰੂਕ ○ ਇਬਾਦਤ ਅਲੀ ਦੀ ਗਾਇਕੀ ਬਣੀ ਖਿੱਚ ਦਾ ਕੇਂਦਰ**





ਸ੍ਰੀ ਅਨੰਦਪੁਰ ਸਾਹਿਬ 07 ਮਾਰਚ (ਜੋਗਿੰਦਰ ਰਾਣਾ ) ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵੱਲੋਂ ਸ੍ਰੀ ਗੁਰੂ ਤੇਗ ਬਹਾਦੁਰ ਖਾਲਸਾ ਕਾਲਜ ਵਿੱਚ ਲਾਈ ਗਈ ਚਿੱਤਰ ਪ੍ਰਦਰਸ਼ਨੀ ਦੇ ਦੂਜੇ ਦਿਨ ਵੱਖੋ ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ। ਪੇਂਟਿੰਗ ਮੁਕਾਬਲੇ ਵਿਚ ਜਸਲੀਨ ਕੌਰ ਨੇ ਪਹਿਲਾ, ਦਿਲਪ੍ਰੀਤ ਕੌਰ ਨੇ ਦੂਜਾ, ਰਾਜਪ੍ਰੀਤ ਕੌਰ ਨੇ ਤੀਜਾ ਅਤੇ ਜਗੀਰ ਕੌਰ ਨੇ ਚੌਥਾ ਸਥਾਨ ਹਾਸਿਲ ਕੀਤਾ, ਜਦ ਕਿ ਲੇਖ ਮੁਕਾਬਲੇ ਵਿੱਚ ਰਾਜਵਿੰਦਰ ਕੌਰ ਨੇ ਪਹਿਲਾ, ਅਨਵਿੰਦਰ ਕੌਰ ਨੇ ਦੂਜਾ ਅਤੇ ਕੋਮਲ ਰਾਣਾ ਨੇ ਤੀਜਾ ਤੇ ਦਿਲਪ੍ਰੀਤ ਕੌਰ ਨੇ ਚੌਥਾ ਸਥਾਨ ਹਾਸਿਲ ਕੀਤਾ। ਰੰਗੋਲੀ ਮੁਕਾਬਲੇ ਵਿੱਚ ਰਮਨਦੀਪ ਸਿੰਘ ਅਤੇ ਰਮਨਦੀਪ ਕੌਰ ਨੇ ਪਹਿਲਾ, ਕਮਲ ਰਾਣਾ ਤੇ ਸੁਨੀਤਾ ਨੇ ਦੂਜਾ, ਅਨੁ ਤੇ ਪਰਮਿੰਦਰ ਕੌਰ ਨੇ ਤੀਜਾ ਅਤੇ ਕਿਰਨਦੀਪ ਤੇ ਸੁਖਵਿੰਦਰ ਕੌਰ ਨੇ ਚੌਥਾ ਸਥਾਨ ਹਾਸਲ ਕੀਤਾ। ਇਸ ਮੌਕੇ ਪੀ. ਐਮ. ਆਈ. ਡੀ. ਸੀ. ਦੇ ਅਸਿਸਟੈਂਟ ਡਾਇਰੈਕਟਰ ਨਰੇਸ਼ ਭਾਰਦਵਾਜ ਨੇ ਸਵੱਛਤਾ ਅਤੇ ਪਲਾਸਟਿਕ ਦੀ ਵਰਤੋਂ ਬਾਰੇ ਲੋਕਾਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਸਾਨੂੰ ਸਵੱਛਤਾ ਪ੍ਰਤੀ ਗੰਭੀਰ ਹੋਣ ਦੀ ਲੋੜ ਹੈ ਅਤੇ ਜਿੰਨਾ ਹੋ ਸਕੇ ਪਲਾਸਟਿਕ ਦੀ ਵਰਤੋਂ ਤੋਂ ਬਚਣਾ ਚਾਹੀਦਾ ਹੈ। ਨਰੇਸ਼ ਭਾਰਦਵਾਜ ਨੇ ਕਿਹਾ ਕਿ ਗਿੱਲਾ ਤੇ ਸੁੱਕਾ ਕੂੜਾ ਵੱਖੋ- ਵੱਖ ਕਰਨਾ ਚਾਹੀਦਾ ਹੈ ਅਤੇ ਸਵੱਛਤਾ ਮੁਹਿੰਮ ਨੂੰ ਸਫਲ ਬਣਾਉਣ ਲਈ ਹਰ ਦੇਸ਼ਵਾਸੀ ਨੂੰ ਅੱਗੇ ਆਉਣਾ ਪਵੇਗਾ। ਮੰਚ ਤੋਂ ਬੋਲਦਿਆਂ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਔਫ.ਪੀ.ਓ. ਗੁਰਮੀਤ ਸਿੰਘ (ਆਈ.ਆਈ.ਐੱਸ.) ਨੇ ਕਿਹਾ ਕਿ ਅਜਾਦੀ ਕਾ ਅੰਮ੍ਰਿਤ ਮਹੋਤਸਵ ਦੇਸ਼ ਭਰ ਵਿਚ ਮਨਾਇਆ ਜਾ ਰਿਹਾ ਹੈ ਅਤੇ ਹਰ ਵਿਅਕਤੀ ਨੂੰ ਭਾਰਤ ਵਾਸੀ ਹੋਣ ਉੱਤੇ ਮਾਣ ਮਹਿਸੂਸ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਅਜਾਦੀ ਦੇ ਸਹੀ ਮਾਇਨੇ ਸਮਝਣ ਅਤੇ ਅਜਾਦੀ ਘੁਲਾਟੀਆਂ ਤੋਂ ਸੇਧ ਲੈਣ ਦੀ ਲੋੜ ਹੈ। ਗੁਰਮੀਤ ਸਿੰਘ ਨੇ ਕਿਹਾ ਕਿ ਬੱਚੇ ਇਸ ਦੇਸ ਦੀ ਬਹੁਮੁੱਲੀ ਸਪੰਤੀ ਹਨ ਤੇ ਦੇਸ ਦਾ ਭਵਿੱਖ ਵੀ ਉਨ੍ਹਾਂ ਉੱਤੇ ਹੀ ਨਿਰਭਰ ਹੈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਜਸਵੀਰ ਸਿੰਘ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਨਵੀਂ ਪਨੀਰੀ ਨੂੰ ਸੇਧ ਦੇਣ ਵਿੱਚ ਮਦਦ ਕਰਦੇ ਹਨ। ਉਨ੍ਹਾਂ ਕਿਹਾ ਕਿ ਦੇਸ ਦੀ ਅਜਾਦੀ ਵਿੱਚ ਵੱਡੇ ਪੱਧਰ ਉੱਤੇ ਕੁਰਬਾਨੀਆਂ ਕੀਤੀਆਂ ਗਈਆਂ ਹਨ, ਇਸ ਕਰਕੇ ਆਪਣੇ ਵਿਰਸੇ ਉੱਤੇ ਮਾਣ ਕਰਦਿਆਂ ਉਸਨੂੰ ਸੰਜੋ ਕੇ ਰੱਖਣ ਦੀ ਲੋੜ ਹੈ। ਇਸ ਦੌਰਾਨ ਵੱਖ ਵੱਖ ਕਲਾਕਾਰਾਂ ਵੱਲੋਂ ਦੇਸ਼ਭਗਤੀ ਦੀ ਥੀਮ ਉੱਤੇ ਅਧਾਰਿਤ ਖਿੱਚਵੀਂ ਪੇਸ਼ਕਾਰੀਆਂ ਨੇ ਸਮਾਂ ਬੰਨ ਦਿੱਤਾ। ਸਵੱਛਤਾ ਅਤੇ ਬੇਟੀ ਬਚਾਓ ਦੀ ਸੁਨੇਹਾ ਦਿੰਦੀ ਇਬਾਦਤ ਅਲੀ ਦੀ ਗਾਇਕੀ ਨੇ ਲੋਕਾਂ ਦਾ ਦਿਲ ਜਿੱਤ ਲਿਆ। ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਇਸ ਅਹਿਦ ਦੀ ਸ਼ਲਾਘਾ ਕਰਦਿਆਂ ਲੋਕਾਂ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਭਵਿੱਖ ਵਿੱਚ ਵੀ ਆਯੋਜਿਤ ਕਰਵਾਏ ਜਾਣੇ ਚਾਹੀਦੇ ਨੇ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਵਿਰਸੇ ਨਾਲ ਜੋੜ ਕੇ ਰੱਖਿਆ ਜਾ ਸਕੇ।

**ਦੇਸ਼ ਪ੍ਰਦੇਸ਼ ਟਾਈਮਜ਼**
www.deshpardeshtimes.com

## 'ਆਜ਼ਾਦੀ ਦਾ ਅੰਮ੍ਰਿਤ ਮਹੋਤਸਵ' ਦੀ ਵਿਸ਼ੇ 'ਤੇ ਚਿੱਤਰ ਪ੍ਰਦਰਸ਼ਨੀ ਦਾ ਦੂਜਾ ਦਿਨ

**ਲੇਖ, ਚਿੱਤਰਕਲਾ, ਰੰਗੋਲੀ ਅਤੇ ਕੁਇਜ਼ ਮੁਕਾਬਲਿਆਂ ਦੇ ਜੇਤੂਆਂ ਨੂੰ ਕੀਤਾ ਗਿਆ ਸਨਮਾਨਿਤ**

ਸ੍ਰੀ ਅਨੰਦਪੁਰ ਸਾਹਿਬ, 7 ਮਾਰਚ (ਜੇ.ਐਸ.ਨਿੱਕੂਵਾਲ, ਕਰਨੈਲ ਸਿੰਘ ਸੈਣੀ)- ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵਲੋਂ ਸ੍ਰੀ ਗੁਰੂ ਤੇਗ ਬਹਾਦੁਰ ਖਾਲਸਾ ਕਾਲਜ ਵਿਚ ਲਾਈ ਗਈ ਚਿੱਤਰ ਪ੍ਰਦਰਸ਼ਨੀ ਦੇ ਦੂਜੇ ਦਿਨ ਵੱਖ ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ। ਚਿੱਤਰਕਲਾ ਮੁਕਾਬਲੇ ਵਿਚ ਜਸਲੀਨ ਕੌਰ ਨੇ ਪਹਿਲਾ, ਦਿਲਪ੍ਰੀਤ ਕੌਰ ਨੇ ਦੂਜਾ, ਰਾਜਪ੍ਰੀਤ ਕੌਰ ਨੇ ਤੀਜਾ ਅਤੇ ਜਗੀਰ ਕੌਰ ਨੇ ਚੌਥਾ ਸਥਾਨ ਹਾਸਿਲ ਕੀਤਾ। ਜਦੋਂਕਿ ਲੇਖ ਮੁਕਾਬਲੇ ਵਿੱਚ ਰਾਜਵਿੰਦਰ ਕੌਰ ਨੇ ਪਹਿਲਾ, ਅਨਵਿੰਦਰ ਕੌਰ ਨੇ ਦੂਜਾ ਅਤੇ ਕੋਮਲ ਰਾਣਾ ਨੇ ਤੀਜਾ ਤੇ ਦਿਲਪ੍ਰੀਤ ਕੌਰ ਨੇ ਚੌਥਾ ਸਥਾਨ ਹਾਸਿਲ ਕੀਤਾ। ਰੰਗੋਲੀ ਮੁਕਾਬਲੇ ਵਿੱਚ ਰਮਨਦੀਪ ਸਿੰਘ ਅਤੇ ਰਮਨਦੀਪ ਕੌਰ ਨੇ ਪਹਿਲਾ, ਕਮਲ ਰਾਣਾ ਤੇ ਸੁਨੀਤਾ ਨੇ ਦੂਜਾ, ਅਨੁ ਤੇ ਪਰਮਿੰਦਰ ਕੌਰ ਨੇ ਤੀਜਾ ਅਤੇ ਕਿਰਨਦੀਪ ਤੇ ਸੁਖਵਿੰਦਰ ਕੌਰ ਨੇ ਚੌਥਾ ਸਥਾਨ ਹਾਸਲ ਕੀਤਾ। ਇਸ ਮੌਕੇ ਪੀ.ਐਮ.ਆਈ.ਡੀ.ਸੀ. ਦੇ ਸਹਾਇਕ ਡਾਇਰੈਕਟਰ ਨਰੇਸ਼ ਭਾਰਦਵਾਜ ਅਤੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਐੱਫ.ਪੀ.ਓ. ਗੁਰਮੀਤ ਸਿੰਘ ਨੇ ਸਵੱਛਤਾ ਅਤੇ ਪਲਾਸਟਿਕ ਦੀ ਵਰਤੋਂ ਬਾਰੇ ਲੋਕਾਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਸਾਨੂੰ ਸਵੱਛਤਾ ਪ੍ਰਤੀ ਗੰਭੀਰ ਹੋਣ ਦੀ ਲੋੜ ਹੈ ਅਤੇ ਜਿੰਨਾ ਹੋ ਸਕੇ ਪਲਾਸਟਿਕ ਦੀ ਵਰਤੋਂ ਤੋਂ ਬੱਚਣਾ ਚਾਹੀਦਾ ਹੈ। ਨਰੇਸ਼ ਭਾਰਦਵਾਜ ਨੇ ਕਿਹਾ ਕਿ ਗਿੱਲਾ ਤੇ ਸੁੱਕਾ ਕੂੜਾ ਵੱਖ-ਵੱਖ ਇਕੱਠਾ ਕਰਨਾ ਚਾਹੀਦਾ ਹੈ ਅਤੇ ਸਵੱਛਤਾ ਮੁਹਿੰਮ ਨੂੰ ਸਫਲ ਬਣਾਉਣ ਲਈ ਹਰ ਦੇਸ਼ਵਾਸੀ ਨੂੰ ਅੱਗੇ ਆਉਣਾ ਪਵੇਗਾ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਨਵੀਂ ਪਨੀਰੀ ਨੂੰ ਸੇਧ ਦੇਣ ਵਿੱਚ ਮਦਦ ਕਰਦੇ ਹਨ।



ਸ੍ਰੀ ਅਨੰਦਪੁਰ ਸਾਹਿਬ ਵਿਖੇ 'ਆਜ਼ਾਦੀ ਦਾ ਅੰਮ੍ਰਿਤ ਮਹੋਤਸਵ' ਤਹਿਤ ਕਰਵਾਏ ਮੁਕਾਬਲਿਆਂ ਦਾ ਦ੍ਰਿਸ਼।

Created with Mi Notes